ਗਉੜੀ ਮਹਲਾ ੫ ॥ ਸਾ ਮਤਿ ਨਿਰਮਲ ਕਹੀਅਤ ਧੀਰ ॥ ਰਾਮ ਰਸਾਇਣੁ ਪੀਵਤ ਬੀਰ ॥੧॥ ਹਰਿ ਕੇ ਚਰਣ ਹਿਰਦੈ ਕਰਿ ਓਟ ॥ ਜਨਮ ਮਰਣ ਤੇ ਹੋਵਤ ਛੋਟ ॥੧॥ ਰਹਾਉ ॥ ਸੋ ਤਨੁ ਨਿਰਮਲੁ ਜਿਤੁ ਉਪਜੈ ਨ ਪਾਪੁ ॥ ਰਾਮ ਰੰਗਿ ਨਿਰਮਲ ਪਰਤਾਪੁ ॥੨॥ ਸਾਧਸੰਗਿ ਮਿਟਿ ਜਾਤ ਬਿਕਾਰ ॥ ਸਭ ਤੇ ਊਚ ਏਹੋ ਉਪਕਾਰ ॥੩॥ ਪ੍ਰੇਮ ਭਗਤਿ ਰਾਤੇ ਗੋਪਾਲ ॥ ਨਾਨਕ ਜਾਚੈ ਸਾਧ ਰਵਾਲ ॥੪॥੯੨॥੧੬੧॥ {ਪੰਨਾ 198}

ਪਦਅਰਥ:- ਸਾ—ਉਹ {ਇਹ ਲਫ਼ਜ਼ ਇਸਤ੍ਰੀ ਲਿੰਗ ਹੈ}। ਮਤਿ—ਅਕਲ। ਕਹੀਅਤ—ਆਖੀ ਜਾਂਦੀ ਹੈ। ਧੀਰ—ਧੀਰਜ ਵਾਲੀ। ਰਸਾਇਣ—ਰਸਾਂ ਦਾ ਘਰ, ਸਭ ਰਸਾਂ ਤੋਂ ਸ੍ਰੇਸ਼ਟ। ਬੀਰ—ਹੇ ਵੀਰ!।1।

ਓਟ—ਆਸਰਾ। ਛੋਟ—ਖ਼ਲਾਸੀ।1। ਰਹਾਉ।

ਨਿਰਮਲੁ—ਪਵਿਤ੍ਰ {ਇਹ ਲਫ਼ਜ਼ ਪੁਲਿੰਗ ਹੈ। ਪਹਿਲੀ ਤੁਕ ਵਾਲਾ ਲਫ਼ਜ਼ 'ਨਿਰਮਲ' ਇਸਤ੍ਰੀ ਲਿੰਗ ਹੈ}। ਜਿਤੁ—ਜਿਸ ਵਿਚ, ਜਿਸ ਦੀ ਰਾਹੀਂ। ਰੰਗਿ—ਪ੍ਰੇਮ ਵਿਚ।2।

ਮਿਟਿ ਜਾਤ—ਮਿਟ ਜਾਂਦੇ ਹਨ। ਤੇ—ਤੋਂ।3।

ਰਾਤੇ—ਰੰਗੇ ਹੋਏ। ਜਾਚੈ—ਮੰਗਦਾ ਹੈ। ਰਵਾਲ—ਚਰਨਾਂ ਦੀ ਧੂੜ।4।

ਅਰਥ:- (ਹੇ ਭਾਈ!) ਆਪਣੇ ਹਿਰਦੇ ਵਿਚ ਪਰਮਾਤਮਾ ਦੇ ਚਰਨਾਂ ਦਾ ਆਸਰਾ ਬਣਾ, (ਇਉਂ ਕੀਤਿਆਂ) ਜਨਮ ਮਰਨ ਦੇ ਗੇੜ ਤੋਂ ਖ਼ਲਾਸੀ ਹੋ ਜਾਂਦੀ ਹੈ।1। ਰਹਾਉ।

ਹੇ ਭਾਈ! ਉਹ ਅਕਲ ਪਵਿਤ੍ਰ ਆਖੀ ਜਾਂਦੀ ਹੈ ਧੀਰਜ ਵਾਲੀ ਆਖੀ ਜਾਂਦੀ ਹੈ, (ਜਿਸ ਦਾ ਆਸਰਾ ਲੈ ਕੇ ਮਨੁੱਖ) ਸਭ ਰਸਾਂ ਤੋਂ ਸ੍ਰੇਸ਼ਟ ਪ੍ਰਭੂ-ਨਾਮ ਦਾ ਰਸ ਪੀਂਦਾ ਹੈ।1।

(ਹੇ ਭਾਈ!) ਉਹ ਸਰੀਰ ਪਵਿਤ੍ਰ ਹੈ ਜਿਸ ਵਿਚ ਕੋਈ ਪਾਪ ਨਹੀਂ ਪੈਦਾ ਹੁੰਦਾ। ਪਰਮਾਤਮਾ ਦੇ ਪ੍ਰੇਮ-ਰੰਗ ਦੀ ਬਰਕਤਿ ਨਾਲ ਪਵਿਤ੍ਰ ਹੋਏ ਮਨੁੱਖ ਦਾ ਤੇਜ-ਪਰਤਾਪ (ਚਮਕਦਾ ਹੈ)।2।

(ਹੇ ਭਾਈ! ਸਾਧ ਸੰਗਤਿ ਕਰਿਆ ਕਰ) ਸਾਧ ਸੰਗਤਿ ਵਿਚ ਰਿਹਾਂ (ਅੰਦਰੋਂ) ਸਾਰੇ ਵਿਕਾਰ ਦੂਰ ਹੋ ਜਾਂਦੇ ਹਨ। (ਸਾਧ ਸੰਗਤਿ ਦਾ) ਸਭ ਤੋਂ ਉੱਚਾ ਇਹੀ ਉਪਕਾਰ ਹੈ।3।

ਜੇਹੜੇ ਮਨੁੱਖ ਪਰਮਾਤਮਾ ਦੀ ਪ੍ਰੇਮ-ਭਗਤੀ ਦੇ ਰੰਗ ਵਿਚ ਰੰਗੇ ਰਹਿੰਦੇ ਹਨ, ਨਾਨਕ ਉਹਨਾਂ ਦੇ ਚਰਨਾਂ ਦੀ ਧੂੜ ਮੰਗਦਾ ਹੈ।4। 92। 161।